# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :03-09-2025**

ਸੈਮੀਕੋਨ ਇੰਡੀਆ 2025 ਦੇ ਦੂਜੇ ਦਿਨ, ਪ੍ਰਧਾਨ ਮੰਤਰੀ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਯਸ਼ੋਭੂਮੀ ਵਿਖੇ ਸੈਮੀਕੰਡਕਟਰ ਖੇਤਰ ਦੇ ਮਾਹਿਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੁਮਾਇਸ਼ ਦਾ ਦੌਰਾ ਕੀਤਾ ਅਤੇ ਸੈਮੀਕੰਡਕਟਰ ਨਾਲ ਸਬੰਧਤ ਵੱਖ-ਵੱਖ ਉਤਪਾਦਾਂ ਅਤੇ ਪ੍ਰੋਜੈਕਟਾਂ ਨੂੰ ਦੇਖਿਆ। ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਵੀ ਇਸ ਮੌਕੇ 'ਤੇ ਮੌਜੂਦ ਸਨ। ਸ੍ਰੀ ਮੋਦੀ ਅੱਜ ਸੈਮੀਕੋਨ ਇੰਡੀਆ ਵਿਖੇ CEO ਦੀ ਗੋਲਮੇਜ਼ ਮੀਟਿੰਗ ਵਿੱਚ ਹਿੱਸਾ ਲੈਣਗੇ।

---------------------------------------------------------------

ਪੰਜਾਬ ਲਗਾਤਾਰ ਹੜ੍ਹਾਂ ਨਾਲ ਜੂਝ ਰਿਹਾ ਏ. ਇਹ ਹਾਲ ਹੀ ਦੇ ਦਹਾਕਿਆਂ ਵਿਚ ਆਏ ਸਭ ਤੋਂ ਖੌਫ਼ਨਾਕ ਹੜ੍ਹ ਨੇ. ਇਹਨਾਂ ‘ਚ 30 ਲੋਕਾਂ ਦੀਆਂ ਜਾਨਾਂ ਗਈਆਂ ਨੇ ਅਤੇ 3 ਲਖ 54 ਹਜ਼ਾਰ ਤੋਂ ਵੱਧ ਲੋਕ ਪ੍ਰਭਾਵਿਤ ਹੋਏ ਨੇ. ਰਾਜ ਭਰ ਵਿਚ 1 ਲਖ 48 ਹਜ਼ਾਰ ਹੈਕਟੇਅਰ ਤੋਂ

ਵਧ ਰਕਬੇ ਵਿਚ ਖੜੀਆਂ ਫਸਲਾਂ ਨੂੰ ਨੁਕਸਾਨ ਪਹੁੰਚਿਆ ਏ . ਸੈਂਕੜੇ ਦੀ ਤਾਦਾਤ ‘ਚ ਪਸ਼ੂ ਵੀ ਮਾਰੇ ਗਏ ਨੇ. ਭਾਰੀ ਬਾਰਿਸ਼ ਕਾਰਨ ਸੂਬੇ ਭਰ ਵਿੱਚ ਦਰਿਆ ਚੜ੍ਹੇ ਹੋਏ ਨੇ. ਭਾਖੜਾ ਡੈਮ ਸਮੇਤ ਡੈਮ ਪਾਣੀ ਨਾਲ ਭਰ ਰਹੇ ਨੇ, ਜਿਸ ਕਾਰਨ ਪਾਣੀ ਦਾ ਕੰਟਰੋਲਡ ਰਿਲੀਜ ਹੋ ਰਿਹਾ ਏ । ਪੰਜਾਬ ਭਰ ਵਿੱਚ ਸਾਵਧਾਨ ਰਹਿਣ ਲਈ ਅਲਰਟ ਜਾਰੀ ਕੀਤਾ ਗਿਆ ਏ ਕਿਉਂਕਿ ਡੈਮਾਂ ਅਤੇ ਹੈੱਡਵਰਕਸ ਤੋਂ ਪਾਣੀ ਛੱਡਣਾ ਪਹਿਲਾਂ ਹੀ ਪ੍ਰਭਾਵਿਤ ਜ਼ਿਲ੍ਹਿਆਂ, ਜਿਨ੍ਹਾਂ ਵਿੱਚ ਪਟਿਆਲਾ, ਫਾਜ਼ਿਲਕਾ, ਅੰਮ੍ਰਿਤਸਰ, ਗੁਰਦਾਸਪੁਰ, ਫਿਰੋਜ਼ਪੁਰ, ਕਪੂਰਥਲਾ ਅਤੇ ਸੂਬੇ ਦੇ ਬਾਕੀ 17 ਜ਼ਿਲੇ ਸ਼ਾਮਲ ਨੇ, ਲਈ ਨੁਕਸਾਨਦੇਹ ਹੋਵੇਗਾ। ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਦਸਿਆ ਏ ਕਿ ਮੁਸੀਬਤ ਹੋਰ ਵਧਣ ਦੀ ਸੰਭਾਵਨਾ ਏ ਕਿਉਂਕਿ ਮੁਕਾਬਲਤਨ ਘੱਟ ਪ੍ਰਭਾਵਿਤ ਜ਼ਿਲਿਆਂ ਦੇ ਡਿਪਟੀ ਕਮਿਸ਼ਨਰਾਂ ਨੇ ਸਤਲੁਜ, ਰਾਵੀ, ਅਤੇ ਬਿਆਸ ਦਰਿਆਵਾਂ ਤੇ ਇਸ ਦੀਆਂ ਸਹਾਇਕ ਨਦੀਆਂ ਦੇ ਕੰਢਿਆਂ ਦੇ ਨੇੜੇ ਰਹਿਣ ਵਾਲੇ ਲੋਕਾਂ ਨੂੰ ਚਿਤਾਵਨੀ ਜਾਰੀ ਕਰਨੀਆਂ ਸ਼ੁਰੂ ਕਰ ਦਿੱਤੀਆਂ ਨੇ ਅਤੇ ਓਹਨਾਂ ਨੂੰ ਰਾਹਤ ਕੈਂਪਾਂ ਵਿਚ ਪਹੁੰਚਣ ਦੀ ਅਪੀਲ ਕੀਤੀ ਏ. ਮੌਸਮ ਵਿਭਾਗ ਨੇ ਅੱਜ ਕੁਝ ਥਾਵਾਂ ‘ਤੇ

ਭਾਰੀ ਤੋਂ ਬੇਹਦ ਭਾਰੀ ਬਾਰਿਸ਼ ਲਈ ORANGE ਅਲਰਟ ਵੀ ਜਾਰੀ ਕੀਤਾ ਏ ਜਿਸ ਵਿਚ ਓਹ ਇਲਾਕੇ ਵੀ ਸ਼ਾਮਿਲ ਨੇ ਜੋ ਪਹਿਲਾਂ ਹੀ ਬੁਰੀ ਤਰ੍ਹਾਂ ਪ੍ਰਭਾਵਿਤ ਨੇ. ਇੱਕ ਰਿਪੋਰਟ –

ਇਸ ਦੌਰਾਨ ਹੁਸੈਨੀ ਵਾਲਾ ਹੈਡਵਰਕਸ ਤੋਂ ਸਤਲੁਜ ਦਰਿਆ ਵਿੱਚ 3 ਲੱਖ 11 ਹਜਾਰ ਕਿਊਸਿਕ ਪਾਣੀ ਛੱਡਿਆ ਜਾ ਰਿਹਾ ਏ । ਇਸ ਵਿੱਚ ਹੋਰ ਵਾਧਾ ਵੀ ਹੋ ਸਕਦਾ ਏ  ਇਸ ਲਈ ਫਾਜ਼ਿਲਕਾ ਦੇ ਸਰਹੱਦੀ ਪਿੰਡਾਂ ਦੇ ਸਤਲੁਜ ਕ੍ਰੀਕ ਪਾਰ ਦੇ ਲੋਕਾਂ ਨੂੰ ਅਪੀਲ ਏ ਕਿ ਸੁਚੇਤ ਰਹਿਣ। ਖਾਸ ਕਰਕੇ ਔਰਤਾਂ, ਬੱਚਿਆਂ ਅਤੇ ਬਜ਼ੁਰਗਾਂ ਨੂੰ ਰਾਹਤ ਕੈਂਪਾਂ ਵਿੱਚ ਜਾਂ ਪ੍ਰਭਾਵਿਤ ਇਲਾਕੇ ਤੋਂ ਬਾਹਰ ਸੁਰੱਖਿਅਤ ਥਾਵਾਂ ਤੇ ਭੇਜਿਆ ਜਾਵੇਂ। ਸਤਲੁਜ ਦੇ ਬੰਨ ਦੇ ਨੇੜੇ ਨਾ ਜਾਇਆ ਜਾਵੇ। ਜਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਹਰ ਸਮੇਂ ਤੁਹਾਡੀ ਮਦਦ ਲਈ ਤਿਆਰ ਨੇ. ਉਹਨਾਂ ਨਾਲ ਸਹਿਯੋਗ ਕਰੋ। ਕਿਸੇ ਵੀ ਮਦਦ ਜਾਂ ਜਾਣਕਾਰੀ ਲਈ ਜਿਲ੍ਹਾ ਹੜ੍ਹ ਕੰਟਰੋਲ ਰੂਮ ਨੰਬਰ – 016-38- 262- 153 ਤੇ ਸੰਪਰਕ ਕੀਤਾ ਜਾ ਸਕਦਾ ਏ । ਉਧਰ ਭਾਖੜਾ ਡੈਮ ਦੀ ਗੋਵਿੰਦ ਸਾਗਰ ਝੀਲ ਖਤਰੇ ਦੇ ਨਿਸ਼ਾਨ ਤੋਂ ਹਾਲਾਂ ਵੀ ਕਰੀਬ 2 ਫੁਟ ਹੇਠਾਂ ਏ. ਹਾਲਾਂਕਿ ਭਾਖੜਾ ਡੈਮ ਦੇ

ਚਾਰੋਂ ਫਲਡ ਗੇਟ 7 – 7 ਫੁਟ ਤਕ ਖੋਲ੍ਹੇ ਗਏ ਨੇ . ਭਾਖੜਾ ਡੈਮ ਤੋਂ ਟਰਬਾਈਨਾਂ ਅਤੇ ਫਲਡ ਗੇਟਾਂ ਰਾਹੀਂ 65 ਹਜ਼ਾਰ 42 ਕਿਉਸੇਕ ਪਾਣੀ ਛਡਿਆ ਜਾ ਰਿਹਾ ਏ. ਨੰਗਲ ਡੈਮ ਤੋਂ ਵਖ – ਵਖ ਨਹਿਰਾਂ ਤੇ ਸਤਲੁਜ ਦਰਿਆ 'ਚ ਪਾਣੀ ਛਡਿਆ ਜਾ ਰਿਹਾ ਏ.ਪਟਿਆਲਾ ਜ਼ਿਲ੍ਹੇ ਦੇ ਘਨੌਰ ਦੇ ਪਿੰਡਾਂ ਲਈ ਹਾਈ ਅਲਰਟ ਜਾਰੀ ਕੀਤਾ ਗਿਆ ਏ. ਘੱਗਰ ਦਰਿਆ ਦੇ ਕੈਚਮੈਂਟ ਇਲਾਕੇ ਵਿੱਚ ਪਏ ਭਾਰੀ ਮੀਂਹ ਕਾਰਨ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਰਾਜਪੁਰਾ ਸਬ ਡਵੀਜ਼ਨ ਦੇ ਘੱਗਰ ਨੇੜੇ ਪੈਂਦੇ ਕੁਝ ਪਿੰਡਾਂ ਦੇ ਵਸਨੀਕਾਂ ਨੂੰ ਸਾਵਧਾਨ ਰਹਿਣ ਦੀ ਅਪੀਲ ਕਰਦਿਆਂ ਹਾਈ ਅਲਰਟ ਜਾਰੀ ਕੀਤਾ ਗਿਆ ਏ. ਲੋਕਾਂ ਨੂੰ ਸੁਚੇਤ ਰਹਿਣ ਤੇ ਘੱਗਰ ਨੇੜੇ ਨਾ ਜਾਣ ਦੀ ਸਲਾਹ ਦਿੱਤੀ ਗਈ ਏ ।ਕਿਸੇ ਸੂਚਨਾ ਲਈ ਰਾਜਪੁਰਾ ਦੇ ਫਲੱਡ ਕੰਟਰੋਲ ਰੂਮ ਨੰਬਰ 0176-222-41-32 'ਤੇ ਸੰਪਰਕ ਕੀਤਾ ਜਾ ਸਕਦਾ ਏ । ਕਿਸੇ ਵੀ ਸੂਚਨਾ ਲਈ ਤੁਰੰਤ ਪਟਿਆਲਾ ਜ਼ਿਲ੍ਹਾ ਪ੍ਰਸ਼ਾਸ਼ਨ ਨੂੰ ਕੰਟਰੋਲ ਰੂਮ ਨੰਬਰ 0175-23-50-550 ਉਪਰ ਸੂਚਿਤ ਕੀਤਾ ਜਾਵੇ। ਅਫ਼ਵਾਹਾਂ ਤੋਂ ਸੁਚੇਤ ਰਹਿਣ ਦੀ ਵੀ ਅਪੀਲ ਕੀਤੀ ਜਾਂਦੀ ਏ. ਇਸ ਦੌਰਾਨ ਪੰਜਾਬ ਭਰ ਵਿੱਚ ਵਿਗੜਦੀ ਹੜ੍ਹ ਦੀ ਸਥਿਤੀ ਦੇ ਮੱਦੇਨਜ਼ਰ,

ਸੂਬਾ ਸਰਕਾਰ ਨੇ 7 ਸਤੰਬਰ ਤੱਕ ਸਾਰੇ ਵਿਦਿਅਕ ਅਦਾਰੇ ਬੰਦ ਰੱਖਣ ਦੇ ਹੁਕਮ ਦਿੱਤੇ ਨੇ. ਵਿਦਿਆਰਥੀਆਂ, ਫੈਕਲਟੀ ਅਤੇ ਸਟਾਫ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਹ ਫੈਸਲਾ ਲਿਆ ਗਿਆ ਏ। ਸੂਬੇ ਦੇ ਸਾਰੇ ਸਰਕਾਰੀ/ਏਡਿਡ /ਮਾਨਤਾ ਪ੍ਰਾਪਤ/ਪ੍ਰਾਈਵੇਟ ਸਕੂਲਾਂ/ ਕਾਲਜਾਂ/ਯੂਨੀਵਰਸਿਟੀਆਂ ਅਤੇ ਪੋਲੀਟੈਕਨੀਕਲ ਕਾਲਜਾਂ ਵਿੱਚ 7 ਸਤੰਬਰ 2025 ਤੱਕ ਛੁੱਟੀਆਂ ਕੀਤੀਆਂ ਜਾਂਦੀਆਂ ਨੇ. ਓਧਰ ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਸਥਿਤੀ ਦਾ ਜਾਇਜ਼ਾ ਲੈਣ ਲਈ ਪੰਜਾਬ ਦੇ ਰਾਜਪਾਲ ਅਤੇ ਮੁੱਖ ਮੰਤਰੀ ਨਾਲ ਗੱਲਬਾਤ ਕੀਤੀ। ਉਹ ਸਥਿਤੀ 'ਤੇ ਉੱਚ ਪੱਧਰੀ ਮੀਟਿੰਗ ਬੁਲਾਉਣ ਤੋਂ ਪਹਿਲਾਂ ਕੱਲ੍ਹ ਹੜ੍ਹ ਪ੍ਰਭਾਵਿਤ ਰਾਜ ਦਾ ਦੌਰਾ ਕਰਨਗੇ. ਇਸ ਦੌਰਾਨ ਗਵਰਨਰ ਪੰਜਾਬ ਗੁਲਾਬ ਚੰਦ ਕਟਾਰੀਆ ਗੁਰਦਾਸਪੁਰ ਦੇ ਡੇਰਾ ਬਾਬਾ ਨਾਨਕ ਹਲਕੇ ਦੇ ਦੌਰੇ 'ਤੇ ਪਹੁੰਚੇ.